ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੰਜੀਵ ਕੁਮਾਰ, (97803-32776)
ਪੁੱਤਰ ਸ੍ਰੀ ਰੁਲਦੂ ਰਾਮ,
ਸੰਧੂ ਕਲੌਨੀ, ਗਲੀ ਨੰ:5,
ਸਾਹਮਣੇ ਹੱਚ ਟਾਵਰ,
ਸ੍ਰੀ ਮੁਕਤਸਰ ਸਾਹਿਬ। ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸੀਨੀਅਰ ਸੁਪਰਡੰਟ ਆਫ਼ ਪੁਲਿਸ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2484 ਆਫ਼ 2018**

**ਹਾਜ਼ਰ:-** 1) ਸ੍ਰੀ ਸੰਜੀਵ ਕੁਮਾਰ, ਅਪੀਲਕਰਤਾ।
2) ਲੋਕ ਸੂਚਨਾ ਅਧਿਕਾਰੀ ਵੱਲੋਂ ਸ੍ਰੀ ਜ਼ੋਗਿੰਦਰ ਸਿੰਘ, ਐਸ.ਆਈ. ਵਧੀਕ ਐਸ.ਐਚ.ਓ.(94174-92020)।

**ਹੁਕਮ:**

ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਅਧਿਕਾਰੀ ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਸਮੇਂ ਦੀ ਮੰਗ ਕਰਦੇ ਹੋਏ ਇਹ ਵੀ ਕਿਹਾ ਹੈ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਜ਼ਸਵੰਤ ਲਾਲ ਪੰਚ, (94643-77758)
ਗਰਾਮ ਪੰਚਾਇਤ, ਬਹਿਰਾਮਪੁਰ,
ਬਲਾਕ ਦੋਰਾਂਗਲਾ,
ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ। ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਅਫਸਰ, ਦੋਰਾਂਗਲਾ,
ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਗੁਰਦਾਸਪੁਰ। ........ ਉੱਤਰਦਾਤਾ

**ਅਪੀਲ ਕੇਸ ਨੰ:2515 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀ।

**ਹਕਮ:**

ਪਿਛਲੀ ਪੇਸ਼ੀ, ਮਿਤੀ 24-09-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਹਾਜ਼ਰ ਸ੍ਰੀ ਰਸ਼ਪਾਲ ਸਿੰਘ, ਸੁਪਰਡੰਟ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ 350 ਪੰਨੇ ਦੀ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਸੀ ਕਿ ਉਸ ਨੂੰ ਸੂਚਨਾ ਤਾਂ ਮਿਲੀ ਹੈ ਪਰੰਤੂ ਉਸ ਸੂਚਨਾ ਵਿੱਚ ਐਮ.ਬੀ. ਅਤੇ ਯੂ.ਸੀ. ਨਹੀਂ ਹੈ। ਅਪੀਲਕਰਤਾ ਨੇ ਇਹ ਵੀ ਕਿਹਾ ਸੀ ਕਿ ਉਹ ਬਾਕੀ ਰਹਿੰਦੀ ਸੂਚਨਾ ਉੱਤਰਦਾਤਾ ਦੇ ਦਫ਼ਤਰ ਜਾ ਕੇ ਲੈ ਲਵੇਗਾ। ਲੋਕ ਸੂਚਨਾ ਅਧਿਕਾਰੀ ਨੂੰ ਬਾਕੀ ਰਹਿੰਦੀ ਸੂਚਨਾ ਅਪੀਲਕਰਤਾ ਨੂੰ ਦੇਣ ਦੀ ਹਦਾਇਤ ਕੀਤੀ ਗਈ ਸੀ ਅਤੇ ਅਪੀਲਕਰਤਾ ਵੱਲੋਂ ਬਾਕੀ ਸੂਚਨਾ ਦੀ ਪ੍ਰਾਪਤੀ ਦੀ ਪੁਸ਼ਟੀ ਲਈ ਇਹ ਕੇਸ ਮਿਤੀ 22-10-2018 ਨੇ ਸਵੇਰੇ 11.30 ਵਜੇ ਅਗਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।ਪਰੰਤੂ ਅੱਜ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਅਗਲੀ ਪੇਸ਼ੀ ਤੇ ਵੀ ਹਾਜ਼ਰ ਨਹੀਂ ਹੁੰਦਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇਗਾ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਿੰਦਰ ਸਿੰਘ, (95019-75137)
ਪੁੱਤਰ ਸ਼੍ਰੀ ਪੂਰਨ ਸਿੰਘ,
ਵਾਸੀ ਪਿੰਡ ਖਿਜ਼ਰਾਬਾਦ,
ਮੁਹੱਲਾ ਗੁਰਦਵਾਰਾ,
ਤਹਿਸੀਲ ਤੇ ਬਲਾਕ ਮਾਜਰੀ,
ਜ਼ਿਲ੍ਹਾ ਮੁਹਾਲੀ। .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ,
ਜ਼ਿਲ੍ਹਾ ਮੁਹਾਲੀ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:776 ਆਫ਼ 2018**

**ਹਾਜ਼ਰ:-** 1) ਸ਼੍ਰੀ ਹਰਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਗੁਰਮੁੱਖ ਸਿੰਘ, ਸੁਪਰਡੰਟ ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ (94645-23535)

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-12-2017, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਬਲਾਕ ਮਾਜਰੀ ਦੇ ਸਾਰੇ ਪਿੰਡਾਂ ਵਿੱਚ ਪੇਂਡੂਆਂ ਦੇ ਬੈਠਣ ਲਈ ਲਗਾਏ ਗਏ ਬੈਂਚਾਂ ਨਾਲ ਸਬੰਧਤ 18 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-07-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 30-08-2018 ਨੂੰ ਪਹਿਲੀ ਸੁਣਵਾਈ ਮਿਤੀ 24-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਮੁੱਖ ਸਿੰਘ, ਸੁਪਰਡੰਟ ਨੇ ਪੱਤਰ ਨੰ:2497, ਮਿਤੀ 18-10-2018 ਪੇਸ਼ ਕ੍ਰੀਤਾ ਹੈ ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਨੁਕਤਾ-ਵਾਰ ਸੂਚਨਾ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖ਼ਸ ਪਾਇਆ ਗਿਆ ਹੈ।

3. ਉਪਰੋਕਤ ਤੋਂ ਇਲਾਵਾ ਇਹ ਵੀ ਵੇਖਿਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 08-12-2017 ਨੂੰ ਆਰ.ਟੀ.ਆਈ. ਪਾਈ ਗਈ ਸੀ ਪਰੰਤੂ ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਬਹੁਤ ਲੇਟ ਭਾਵ ਅੱਜ ਮਿਤੀ 22-10-2018 ਨੂੰ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਸੂਚਨਾ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਸ਼ਿਕਾਇਤਕਰਤਾ ਨੂੰ ਦੇਣੀ ਬਣਦੀ ਸੀ।

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:776 ਆਫ਼ 2018**

ਇਸ ਤਰ੍ਹਾਂ ਉੱਤਰਦਾਤਾ ਨੇ ਨਿਰਧਾਰਿਤ ਸਮੇਂ ਅੰਦਰ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਕੇ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਹੈ, ਜਿਸ ਤੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਪੰਚਾਇਤ ਸੰਮਤੀ ਫੰਡ ਵਿੱਚੋਂ ਸ਼ਿਕਾਇਤਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾ ਕਰਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ।

ਉਕਤ ਦਰਸਾਈ ਗਈ ਸਥਿਤੀ ਅਨੁਸਾਰ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਅਜਮੇਲ ਸਿੰਘ, (94176-47043)
ਪੁੱਤਰ ਲੇਟ ਸ਼੍ਰੀ ਸੁਰਜੀਤ ਸਿੰਘ,
ਵਾਸੀ ਪਿੰਡ ਸੰਗਤਪੁਰਾ,
ਤਹਿਸੀਲ ਜਗਰਾਓਂ,
ਜ਼ਿਲ੍ਹਾ ਲੁਧਿਆਣਾ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:808 ਆਫ਼ 2018**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜਗਤਾਰ ਸਿੰਘ, ਪਟਵਾਰੀ, ਬਲਾਕ ਜਗਰਾਓਂ (97809-61294) ।

ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਗਤਾਰ ਸਿੰਘ, ਪਟਵਾਰੀ, ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਮਿਤੀ 20-09-2018 ਨੂੰ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਸ ਵੱਲੋਂ ਰਜਿਸਟਰੀ ਕਰਨ ਸਬੰਧੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਫਿਰ ਵੀ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-11-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ਼੍ਰੀ ਅਸ਼ੋਕ ਕੁਮਾਰ, (9417800927),
ਮਕਾਨ ਨੰ: 214, ਪਾਈਨ ਹੋਮਜ਼,
ਢਕੋਲੀ, ਜੀਰਕਪੁਰ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਖ ਪ੍ਰਬੰਧਕ, ਗਮਾਡਾ, ਮੋਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੁੱਖ ਪ੍ਰਬੰਧਕ, ਗਮਾਡਾ,ਮੋਹਾਲੀ। ----ਉੱਤਰਦਾਤਾ

**ਅਪੀਲ ਕੇਸ ਨੰ:1162 ਆਫ 2018**

ਹਾਜ਼ਰ:-

1) ਸ਼੍ਰੀ ਅਸ਼ੋਕ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀਮਤੀ ਸੁਮਨ ਬਾਲਾ, ਪਸ਼ਾਸਕੀ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਗਮਾਡਾ(82838-27768)

ਹੁਕਮ:-

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 6-12-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਮੁੱਖ ਪ੍ਰਬੰਧਕ ਗਮਾਡਾ ਮੋਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 2 ਪੁਆਇੰਟਾਂ ਦੀ ਜਾਣਕਾਰੀ ਦੀ ਮੰਗ ਕੀਤੀ ਸੀ।ਮਿਤੀ 16-1-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ। ਉਸ ਉਪਰੰਤ ਮਿਤੀ 3-04-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 01-05-2018 ਨੂੰ ਪਹਿਲੀ ਸੁਣਵਾਈ, ਮਿਤੀ 23-05-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਸ਼੍ਰੀਮਤੀ ਸੁਮਨ ਬਾਲਾ, ਪਸ਼ਾਸਕੀ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ, ਮਿਤੀ 19-06-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਮੌਕੇ ਤੇ ਹੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਮੁੜ ਪੱਤਰ, ਮਿਤੀ 22-10-2018 ਰਾਹੀਂ ਦਸਤੀ ਸੂਚਨਾ ਮੁਹੱਈਆ ਕਰ ਦਿੱਤੀ ਗਈ ਹੈ ਅਤੇ ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰਕੇ ਸੰਤੁਸ਼ਟੀ ਪ੍ਰਗਟ ਕੀਤੀ ਹੈ।

3. ਉਪਰੋਕਤ ਤੋਂ ਇਲਾਵਾ ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿੱਚ ਸਪੱਸ਼ਟੀਕਰਣ ਵੀ ਪੇਸ਼ ਕੀਤਾ ਗਿਆ ਹੈ।ਉੱਤਰਦਾਤਾ ਵੱਲੋ ਆਪਣੇ ਸਪੱਸ਼ਟੀਕਰਣ ਵਿੱਚ ਕਿਹਾ ਗਿਆ ਹੈ ਕਿ ਆਈ.ਟੀ.ਸਿਟੀ ਸੀਟ ਨੂੰ ਡੀਲ ਕਰਨ ਵਾਲੇ ਸੁਪਰੰਡ ਮਿਤੀ 30-09-2018 ਨੂੰ ਰਿਟਾਇਰ ਹੋ ਗਏ ਸਨ ਅਤੇ ਸਹਾਇਕ ਵੀ ਛੁੱਟੀ ਤੇ ਚੱਲ ਰਿਹਾ ਹੈ। ਸਟਾਫ ਦੀ ਅਣਹੋਂਦ ਕਾਰਨ ਇਸ ਕੇਸ ਦੀ ਸੂਚਨਾ ਸਮੇਂ ਸਿਰ ਨਾ ਦਿੱਤੇ

ਚਲਦਾ---ਪੰਨਾ/2

**ਅਪੀਲ ਕੇਸ ਨੰ:1162 ਆਫ 2018**

ਜਾਣ ਅਤੇ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਖੇਦ ਪ੍ਰਗਟ ਕਰਦੇ ਹੋਏ ਉਨ੍ਹਾਂ ਵੱਲੋ ਅਗਾਂਹ ਤੋਂ ਪੂਰਾ ਧਿਆਨ ਰੱਖਣ ਦਾ ਭਰੋਸਾ ਦਿੱਤਾ ਗਿਆ ਹੈ।

4. ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ।ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕੀਤਾ ਜਾਂਦਾ ਹੈ। ਇਸ ਲਈ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ਼੍ਰੀ ਵਿਜੈ ਹੰਸ, ਐਡਵੋਕੇਟ,
ਮਕਾਨ ਨੰ:31, ਸੱਤਿਆ ਨਿਵਾਸ,
ਸਿਲਵਰ ਸਿਟੀ,
ਜ਼ੀਰਕਪੁਰ-140603. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਿਹਤ ਤੇ ਪਰਿਵਾਰ ਭਲਾਈ ਵਿਭਾਗ, (ਸਿਹਤ-6 ਸ਼ਾਖਾ),
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਮੁੱਖ ਸਕੱਤਰ, ਪੰਜਾਬ,
ਚੰਡੀਗੜ੍ਹ। ....... ਉੱਤਰਦਾਤਾ

**ਅਪੀਲ ਕੇਸ ਨੰ:2555 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਜੈ ਹੰਸ, ਐਡਵੋਕੇਟ, ਅਪੀਲਕਰਤਾ (98883-88052)।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਅੱਜ ਅਪੀਲਕਰਤਾ ਨੇ ਹਾਜ਼ਰ ਹੋ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋ ਮੰਗੀ ਗਈ ਸੂਚਨਾ ਜਲਦੀ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ ਨੰ:5/34/2018-2ਸਿ6/13274 86/2, ਮਿਤੀ 04-10-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਉਨ੍ਹਾਂ ਵੱਲੋਂ ਅਪੀਲਕਰਤਾ ਦਾ ਬਿਨੈ-ਪੱਤਰ ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ) ਨੂੰ ਤਬਦੀਲ ਕੀਤਾ ਜਾ ਚੁੱਕਾ ਹੈ ਜਦੋਂ ਕਿ ਅਪੀਲਕਰਤਾ ਵੱਲੋਂ ਇਸ ਕੇਸ ਵਿੱਚ ਪਹਿਲਾਂ ਮੁੱਖ ਸਕੱਤਰ, ਪੰਜਾਬ, ਨੂੰ ਹੀ ਬਿਨੈ-ਪੱਤਰ ਪੇਸ਼ ਕੀਤਾ ਗਿਆ ਸੀ ਅਤੇ ਮੁੱਖ ਸਕੱਤਰ, ਪੰਜਾਬ, ਨੂੰ ਵੀ ਬਤੌਰ ਪਹਿਲੀ ਅਪੀਲੀ ਅਥਾਰਟੀ ਪਾਰਟੀ ਬਣਾਇਆ ਗਿਆ ਹੈ। ਆਮ ਰਾਜ ਪ੍ਰਬੰਧ ਵਿਭਾਗ (ਆਮ ਤਾਲਮੇਲ ਸ਼ਾਖਾ) ਵੱਲੋਂ ਆਪਣੇ ਪੱਤਰ ਨੰ:7/191/2018-ਜੀ.ਸੀ.(4)/4672, ਮਿਤੀ 10-04-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਨੂੰ ਤਬਦੀਲ ਕਰ ਦਿੱਤਾ ਗਿਆ ਸੀ ਜਿਸ ਦੇ ਅਧਾਰ ਤੇ ਇਸ ਕੇਸ ਵਿੱਚ ਲੋਕ ਸੂਚਨਾ ਅਧਿਕਾਰੀ, ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਨੂੰ ਪਾਰਟੀ ਬਣਾਇਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੇਸ ਵਿੱਚ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.**

**ਕਾਪੀ:-**

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਿਹਤ ਤੇ ਪਰਿਵਾਰ ਭਲਾਈ ਵਿਭਾਗ, (ਸਿਹਤ-6 ਸ਼ਾਖਾ),
ਚੰਡੀਗੜ੍ਹ,

ਨੂੰ ਸੂਚਨਾ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਪਲਵਿੰਦਰ ਕੋਰ, (75085-13228)
ਮਕਾਨ ਨੰ:12,-ਏ,
ਸੈਂਟਰਲ ਜੇਲ੍ਹ,
ਪਟਿਆਲਾ-147001. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2594 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਐਸ.ਪੀ.ਵਰਮਾ, ਐਡਵੋਕੇਟ, (79867-28097)।
2) ਉੱਤਰਦਾਤਾ ਵੱਲੋਂ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ (98554-93346)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਸ.ਪੀ.ਵਰਮਾ, ਐਡਵੋਕੇਟ, ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਉਸ ਨੂੰ ਰਿਕਾਰਡ ਦੀ ਇੰਸਪੈਕਸ਼ਨ ਕਰਵਾਈ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ ਨੇ ਪੱਤਰ ਨੰ:6687/S-II/391-18/ ਆਰ.ਟੀ.ਆਈ. ਸੈੱਲ, ਮਿਤੀ 16-10-2018 ਪੇਸ਼ ਕਰਦੇ ਹੋਏ ਕਿਹਾ ਗਿਆ ਹੈ ਕਿ ਉਨ੍ਹਾਂ ਦੇ ਪੱਤਰ ਨੰ:6654/S-II/391-18/ ਆਰ.ਟੀ.ਆਈ. ਸੈੱਲ, ਮਿਤੀ 15-10-2018 ਰਾਹੀਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਰਿਕਾਰਡ ਦੀ ਇੰਸਪੈਕਸ਼ਨ ਨਾ ਕਰਾਉਣ ਬਾਰੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਵਿੱਚ ਲਿਖਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਇਸ ਮਾਮਲੇ ਵਿੱਚ ਮਿਤੀ 15-10-2018 ਨੂੰ ਸਵੇਰੇ 09-45 ਤੇ ਅਪੀਲਕਰਤਾ ਨੂੰ ਉਨ੍ਹਾਂ ਦੇ ਫੋਨ ਨੰ:76967-24915 ਤੇ ਆਰ.ਟੀ.ਆਈ. ਸੈੱਲ ਦੇ ਫੋਨ ਨੰ:0175-3046295 ਤੇ ਫੋਨ ਕੀਤਾ ਗਿਆ ਸੀ ਪਰੰਤੂ ਅਪੀਲਕਰਤਾ ਵੱਲੋਂ ਫੋਨ ਰਸੀਵ ਨਹੀਂ ਕੀਤਾ ਗਿਆ ਸੀ। ਉਸ ਉਪਰੰਤ ਅਪੀਲਕਰਤਾ ਵੱਲੋਂ ਸਵੇਰੇ 09-55 ਤੇ ਆਪਣੇ ਫੋਨ ਨੰ:76967-24915 ਤੋਂ ਆਰ.ਟੀ.ਆਂਈ. ਸੈੱਲ ਦੇ ਫੋਨ ਨੰ:0175-3046295 ਤੇ ਫੋਨ ਕੀਤਾ ਗਿਆ ਅਤੇ ਹੋਈ ਗੱਲਬਾਤ ਅਨੁਸਾਰ ਅਪੀਲਕਰਤਾ ਵੱਲੋ ਕਿਹਾ ਗਿਆ ਕਿ ਉਸ ਨੂੰ ਉਸ ਵੱਲੋਂ ਮੰਗੀ ਗਈ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਇਸ ਜਾਣਕਾਰੀ ਦੀ ਇੰਸਪੈਕਸ਼ਨ ਉਹ ਬਾਅਦ ਵਿੱਚ ਕਰ ਲਵੇਗੀ। ਇਸ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦੱਸਿਆ ਗਿਆ ਕਿ ਉਹ ਇੱਕੋਂ ਸਮੇਂ ਵਿੱਚ ਇੰਸਪੈਕਸ਼ਨ ਕਰ ਸਕਦੀ ਹੈ ਜਾਂ authenticate

ਚਲਦਾ---ਪੰਨਾ/2

**ਅਪੀਲ ਕੇਸ ਨੰ:2594 ਆਫ਼ 2018**

ਦਸਤਾਵੇਜ਼ ਪ੍ਰਾਪਤ ਕਰ ਸਕਦੀ ਹੈ ਜਿਸ ਤੇ ਅਪੀਲਕਰਤਾ ਨੇ ਕਿਹਾ ਕਿ ਉਹ 10 ਮਿੰਟ ਬਾਅਦ ਫੋਨ ਕਰੇਗੀ। ਉਸ ਤੋਂ ਬਾਅਦ ਅਪੀਲਕਰਤਾ ਨੇ ਸਵੇਰੇ 10-15 ਵਜੇ ਉੱਤਰਦਾਤਾ ਨੂੰ ਕਿਹਾ ਕਿ ਉਸ ਨੂੰ ਹੁਣ ਜਾਣਕਾਰੀ ਦਸਤਾਵੇਜ਼ਾਂ ਦੇ ਰੂਪ ਵਿੱਚ ਮੁਹੱਈਆ ਕਰਵਾਈ ਜਾਵੇ। ਉਸ ਉਪਰੰਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਪਰੋਕਤ ਹਵਾਲਾ-ਅੰਕਿਤ ਕੀਤੇ ਗਏ ਪੱਤਰ ਮਿਤੀ 15-10-2018 ਰਾਹੀ ਅਪੀਲਕਰਤਾ ਨੂੰ ਉਪਲਬਧ ਰਿਕਾਰਡ ਦੇ ਅਧਾਰ ਤੇ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਰਿਕਾਰਡ ਦੀ ਇੰਸਪੈਕਸ਼ਨ ਦੀ ਕੀਤੀ ਗਈ ਮੰਗ ਉੱਤਰਦਾਤਾ ਵੱਲੋਂ ਰੱਦ ਕਰ ਦਿੱਤੀ ਗਈ ਹੈ। ਕਮਿਸ਼ਨ ਵੀ ਉੱਤਰਦਾਤਾ ਦੀ ਦਲੀਲ ਨਾਲ ਸਹਿਮਤ ਹੈ।

2. ਉਪਰੋਕਤ ਪੈਰ੍ਹੇ ਵਿੱਚ ਦਰਸਾਈ ਗਈ ਸਥਿਤੀ ਦੇ ਸਨਮੁੱਖ ਅਪੀਲਕਰਤਾ ਨੂੰ ਕਿਹਾ ਜਾਂਦਾ ਹੈ ਕਿ ਪ੍ਰਾਪਤ ਹੋਈ ਸੂਚਨਾ ਵਿੱਚ ਦਸਤਾਵੇਜ਼ਾਂ ਸਬੰਧੀ ਪਾਈਆਂ ਗਈਆਂ ਤਰੁੱਟੀਆਂ ਬਾਰੇ ਸਪੱਸ਼ਟ ਤੌਰ ਤੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਕੋਲੋਂ ਤਰੁੱਟੀਆਂ ਪ੍ਰਾਪਤ ਹੋਣ ਤੇ ਉਨ੍ਹਾਂ ਨੂੰ ਦੂਰ ਕਰਨ ਉਪਰੰਤ ਅਪੀਲਕਰਤਾ ਨੂੰ ਦਸਤਾਵੇਜ਼ੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਪਲਵਿੰਦਰ ਕੋਰ, (75085-13228)
ਮਕਾਨ ਨੰ:12,-ਏ,
ਸੈਂਟਰਲ ਜੇਲ੍ਹ,
ਪਟਿਆਲਾ-147001. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2595 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਐਸ.ਪੀ.ਵਰਮਾ, ਐਡਵੋਕੇਟ, (79867-28097)।
2) ਉੱਤਰਦਾਤਾ ਵੱਲੋਂ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ (98554-93346)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਸ.ਪੀ.ਵਰਮਾ, ਐਡਵੋਕੇਟ, ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਉਸ ਨੂੰ ਰਿਕਾਰਡ ਦੀ ਇੰਸਪੈਕਸ਼ਨ ਕਰਵਾਈ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ ਨੇ ਪੱਤਰ ਨੰ:6691/S-II/410-18/ ਆਰ.ਟੀ.ਆਈ. ਸੈੱਲ, ਮਿਤੀ 16-10-2018 ਪੇਸ਼ ਕਰਦੇ ਹੋਏ ਕਿਹਾ ਗਿਆ ਹੈ ਕਿ ਉਨ੍ਹਾਂ ਦੇ ਪੱਤਰ ਨੰ:6656/S-II/410-18/ ਆਰ.ਟੀ.ਆਈ. ਸੈੱਲ, ਮਿਤੀ 15-10-2018 ਰਾਹੀਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਰਿਕਾਰਡ ਦੀ ਇੰਸਪੈਕਸ਼ਨ ਨਾ ਕਰਾਉਣ ਬਾਰੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਵਿੱਚ ਲਿਖਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਇਸ ਮਾਮਲੇ ਵਿੱਚ ਮਿਤੀ 15-10-2018 ਨੂੰ ਸਵੇਰੇ 09-45 ਤੇ ਅਪੀਲਕਰਤਾ ਨੂੰ ਉਨ੍ਹਾਂ ਦੇ ਫੋਨ ਨੰ:76967-24915 ਤੇ ਆਰ.ਟੀ.ਆਈ. ਸੈੱਲ ਦੇ ਫੋਨ ਨੰ:0175-3046295 ਤੇ ਫੋਨ ਕੀਤਾ ਗਿਆ ਸੀ ਪਰੰਤੂ ਅਪੀਲਕਰਤਾ ਵੱਲੋਂ ਫੋਨ ਰਸੀਵ ਨਹੀਂ ਕੀਤਾ ਗਿਆ ਸੀ। ਉਸ ਉਪਰੰਤ ਅਪੀਲਕਰਤਾ ਵੱਲੋਂ ਸਵੇਰੇ 09-55 ਤੇ ਆਪਣੇ ਫੋਨ ਨੰ:76967-24915 ਤੋਂ ਆਰ.ਟੀ.ਆਂਈ. ਸੈੱਲ ਦੇ ਫੋਨ ਨੰ:0175-3046295 ਤੇ ਫੋਨ ਕੀਤਾ ਗਿਆ ਅਤੇ ਹੋਈ ਗੱਲਬਾਤ ਅਨੁਸਾਰ ਅਪੀਲਕਰਤਾ ਵੱਲੋ ਕਿਹਾ ਗਿਆ ਕਿ ਉਸ ਨੂੰ ਉਸ ਵੱਲੋਂ ਮੰਗੀ ਗਈ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਇਸ ਜਾਣਕਾਰੀ ਦੀ ਇੰਸਪੈਕਸ਼ਨ ਉਹ ਬਾਅਦ ਵਿੱਚ ਕਰ ਲਵੇਗੀ। ਇਸ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦੱਸਿਆ ਗਿਆ ਕਿ ਉਹ ਇੱਕੋਂ ਸਮੇਂ ਵਿੱਚ ਇੰਸਪੈਕਸ਼ਨ ਕਰ ਸਕਦੀ ਹੈ ਜਾਂ authenticate

ਚਲਦਾ---ਪੰਨਾ/2

**ਅਪੀਲ ਕੇਸ ਨੰ:2595 ਆਫ਼ 2018**

ਦਸਤਾਵੇਜ਼ ਪ੍ਰਾਪਤ ਕਰ ਸਕਦੀ ਹੈ ਜਿਸ ਤੇ ਅਪੀਲਕਰਤਾ ਨੇ ਕਿਹਾ ਕਿ ਉਹ 10 ਮਿੰਟ ਬਾਅਦ ਫੋਨ ਕਰੇਗੀ। ਉਸ ਤੋਂ ਬਾਅਦ ਅਪੀਲਕਰਤਾ ਨੇ ਸਵੇਰੇ 10-15 ਵਜੇ ਉੱਤਰਦਾਤਾ ਨੂੰ ਕਿਹਾ ਕਿ ਉਸ ਨੂੰ ਹੁਣ ਜਾਣਕਾਰੀ ਦਸਤਾਵੇਜ਼ਾਂ ਦੇ ਰੂਪ ਵਿੱਚ ਮੁਹੱਈਆ ਕਰਵਾਈ ਜਾਵੇ। ਉਸ ਉਪਰੰਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਪਰੋਕਤ ਹਵਾਲਾ-ਅਕਿੰਤ ਕੀਤੇ ਗਏ ਪੱਤਰ ਮਿਤੀ 15-10-2018 ਰਾਹੀ ਅਪੀਲਕਰਤਾ ਨੂੰ ਉਪਲਬਧ ਰਿਕਾਰਡ ਦੇ ਅਧਾਰ ਤੇ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਰਿਕਾਰਡ ਦੀ ਇੰਸਪੈਕਸ਼ਨ ਦੀ ਕੀਤੀ ਗਈ ਮੰਗ ਉੱਤਰਦਾਤਾ ਵੱਲੋਂ ਰੱਦ ਕਰ ਦਿੱਤੀ ਗਈ ਹੈ। ਕਮਿਸ਼ਨ ਵੀ ਉੱਤਰਦਾਤਾ ਦੀ ਦਲੀਲ ਨਾਲ ਸਹਿਮਤ ਹੈ।

2. ਉਪਰੋਕਤ ਪੈਰ੍ਹੇ ਵਿੱਚ ਦਰਸਾਈ ਗਈ ਸਥਿਤੀ ਦੇ ਸਨਮੁੱਖ ਅਪੀਲਕਰਤਾ ਨੂੰ ਕਿਹਾ ਜਾਂਦਾ ਹੈ ਕਿ ਪ੍ਰਾਪਤ ਹੋਈ ਸੂਚਨਾ ਵਿੱਚ ਦਸਤਾਵੇਜ਼ਾਂ ਸਬੰਧੀ ਪਾਈਆਂ ਗਈਆਂ ਤਰੁੱਟੀਆਂ ਬਾਰੇ ਸਪੱਸ਼ਟ ਤੌਰ ਤੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਕੋਲੋਂ ਤਰੁੱਟੀਆਂ ਪ੍ਰਾਪਤ ਹੋਣ ਤੇ ਉਨ੍ਹਾਂ ਨੂੰ ਦੂਰ ਕਰਨ ਉਪਰੰਤ ਅਪੀਲਕਰਤਾ ਨੂੰ ਦਸਤਾਵੇਜ਼ੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ, (90410-04313)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮ ਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਕਮਿਸ਼ਨਰ,
ਦਫ਼ਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ,
ਚੰਡੀਗੜ੍ਹ। ........ ਉੱਤਰਦਾਤਾ

## ਅਪੀਲ ਕੇਸ ਨੰ:2903 ਆਫ਼ 2018

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਗੁਰਪਾਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ(99885-74550)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-03-2018, ਲੋਕ ਸੂਚਨਾ ਅਧਿਕਾਰੀ ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਕੁਲਦੀਪ ਸਿੰਘ, ਕਲਰਕ ਮੌਜੂਦਾ ਪੋਸਟਿੰਗ ਪੀਬੀ01 ਨਾਲ ਸਬੰਧਤ 9 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ ਨੰ:ਸਟਕ/ਆਰਟੀਆਈ/ਪੀਆਈਓ/3819/93096, ਮਿਤੀ 23-03-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮੁਹੰਮਦ ਖਲੀਲ, ਪੁੱਤਰ (94174-57130)
ਸ਼੍ਰੀ ਰੁਸਮਦੀਨ,
ਵਾਸੀ ਦਲੇਲਗੜ੍ਹ, ਡਾਕਖਾਨਾ ਹਿੰਮਤਾਨਾ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ। ........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਮੈਨੇਜਿੰਗ ਡਾਇਰੈਕਟਰ,
ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2890 ਆਫ਼ 2018**

**ਹਾਜ਼ਰ:-**

1) ਸ਼੍ਰੀ ਮੁਹੰਮਦ ਖਲੀਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ (97816-13062)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2018, ਲੋਕ ਸੂਚਨਾ ਅਧਿਕਾਰੀ ਦਫਤਰ ਜਨਰਲ ਮੈਨੇਜਰ, ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮੁਲਾਜ਼ਮਾਂ ਦੀਆਂ ਛੁੱਟੀਆਂ, ਰੈਸਟਾਂ, ਹੋਲੀਡੇਅ ਆਦਿ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੱਤਰ ਨੰ:747, ਮਿਤੀ 25-05-2018 ਰਾਹੀਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਭੇਜੀ ਗਈ ਸੂਚਨਾ ਅਧੂਰੀ ਹੈ ਅਤੇ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਆਪਣਾ ਜਵਾਬ 15 ਦਿਨਾਂ ਦੇ ਅੰਦਰ-ਅੰਦਰ ਅਪੀਲਕਰਤਾ ਨੂੰ ਭੇਜਿਆ ਜਾਵੇ। ਅਪੀਲਕਰਤਾ ਨੂੰ ਕਿਹਾ ਜਾਂਦਾ ਹੈ ਕਿ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਸਪੱਸ਼ਟ ਤੌਰ ਤੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਕੋਲੋਂ ਤਰੁੱਟੀਆਂ ਪ੍ਰਾਪਤ ਹੋਣ ਤੇ ਉਨ੍ਹਾਂ ਨੂੰ ਦੂਰ ਕਰਨ ਉਪਰੰਤ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ ਅਤੇ ਜੇਕਰ ਕੋਈ ਸੂਚਨਾ ਉਪਲਬਧ ਨਾ ਹੋਵੇ ਤਾਂ ਉਸ ਬਾਰੇ ਤਸਦੀਕ-ਸੁਦਾ ਹਲਫੀਆ-ਬਿਆਨ ਪੇਸ਼ ਕੀਤਾ ਜਾਵੇ।ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸੁਰਜੀਤ ਸਿੰਘ, (96460-15549)
ਮਕਾਨ ਨੰ:326/12,
ਮੁਹੱਲਾ ਬਾਬੂ ਪਰਮਾਨੰਦ ਨਗਰ,
ਤ੍ਰਿਮੋ ਰੋਡ, ਗੁਰਦਾਸਪੁਰ। ........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਨਿਗਮ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਕਮਿਸ਼ਨਰ, ਨਗਰ ਨਿਗਮ,
ਲੁਧਿਆਣਾ। ........ ਉੱਤਰਦਾਤਾ

**ਅਪੀਲ ਕੇਸ ਨੰ:2875 ਆਫ਼ 2018**

**ਹਾਜ਼ਰ:-**

1) ਸ਼੍ਰੀ ਸੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ (92573-49508)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-05-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-04-2010 ਤੋਂ 26-07-2018 ਤੱਕ ਆਮਦਨ ਕਰ ਦੀ ਕਟੌਤੀ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ ਨੇ ਸਮੇਂ ਮੰਗ ਕਰਦੇ ਹੋਏ ਇਹ ਵੀ ਕਿਹਾ ਹੈ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟ ਕੀਤੀ ਹੈ। ਇਸ ਲਈ ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸੁਮਿਤ ਨਾਰੰਗ,
ਪੁੱਤਰ ਸ਼੍ਰੀ ਸੁਸ਼ੀਲ ਕੁਮਾਰ ਨਾਰੰਗ,
#25, ਗਊਸ਼ਾਲਾ ਰੋਡ,
ਅਬੋਹਰ, ਜ਼ਿਲ੍ਹਾ ਫਾਜ਼ਿਲਕਾ-15216. ........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ ਆਈ.ਕੇ.ਗੁਜਰਾਲ
ਪੰਜਾਬ ਟੈਕਲੀਕਲ ਯੂਨੀਵਰਸਿਟੀ,
ਕਪੂਰਥਲਾ ਰੋਡ, ਜਲੰਧਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਰਜਿਸਟਰਾਰ ਆਈ.ਕੇ.ਗੁਜਰਾਲ
ਪੰਜਾਬ ਟੈਕਲੀਕਲ ਯੂਨੀਵਰਸਿਟੀ,
ਕਪੂਰਥਲਾ ਰੋਡ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2839 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਗਗਨਜੋਤ ਸਿੰਘ, ਲੋਕ ਸੂਚਨਾ ਅਧਿਕਾਰੀ (ਵਿੱਤ ਤੇ ਲੇਖਾ ਵਿਭਾਗ) (94780-98031)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-04-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਆਈ.ਕੇ.ਗੁਜਰਾਲ ਪੰਜਾਬ ਟੈਕਲੀਕਲ ਯੂਨੀਵਰਸਿਟੀ, ਕਪੂਰਥਲਾ ਰੋਡ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਰੇਡੀਐਂਟ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਤਕਨਾਲੌਜੀ ਅਬੋਹਰ ਵਿਖੇ ਸ਼੍ਰੀ ਸੁਮਿਤ ਨਾਰੰਗ ਨੂੰ ਪ੍ਰੀਖਿਆ ਡਿਊਟੀ ਨਿਭਾਉਣ ਲਈ ਉਸ ਨੂੰ ਦਿੱਤੇ ਗਏ ਮਾਣਭੇਟਾ (Honorarium) ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਸ਼੍ਰੀ ਹਾਜ਼ਰ ਸ਼੍ਰੀ ਗਗਨਜੋਤ ਸਿੰਘ, ਲੋਕ ਸੂਚਨਾ ਅਧਿਕਾਰੀ (ਵਿੱਤ ਤੇ ਲੇਖਾ ਵਿਭਾਗ) ਨੇ ਪੱਤਰ ਨੰ:2839/2018 ਮਿਤੀ 22-10-2018 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:151, ਮਿਤੀ 03-05-2018 ਅਤੇ ਪੱਤਰ ਨੰ:IKG PTU/Acct./79, ਮਿਤੀ 28-05-2018 ਰਾਹੀਂ ਪਹਿਲਾਂ ਹੀ ਅਪੀਲਕਰਤਾ ਵੱਲੋਂ ਮੰਗੀ ਗਈ 4 ਨੁਕਤਿਆਂ ਸਬੰਧੀ ਸੂਚਨਾ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ

ਚਲਦਾ---ਪੰਨਾ/2

**<u>ਅਪੀਲ ਕੇਸ ਨੰ:2839 ਆਫ਼ 2018</u>**

ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੀ ਬਿਮਾਰੀ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਲਈ ਬੇਨਤੀ ਕੀਤੀ ਗਈ ਹੈ।

3. ਮੈ ਇਸ ਕੇਸ ਨੂੰ ਗਹੁ ਨਾਲ ਘੋਖਿਆ ਅਤੇ ਪਾਇਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ 4 ਨੁਕਤਿਆਂ ਸਬੰਧੀ ਸੂਚਨਾ ਅਪੀਲਕਰਤਾ ਨੂੰ ਭੇਜੀ ਗਈ ਸੀ। ਪਰੰਤੂ ਅਪੀਲਕਰਤਾ ਨੇ ਕਮਿਸ਼ਨ ਵਿਖੇ ਅਪੀਲ ਦਾਇਰ ਕਰਨ ਦਾ ਕਾਰਨ ਇਹ ਦੱਸਿਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਨੁਕਤਾ ਨੰ:4 ਸਬੰਧੀ ਭੇਜਿਆ ਗਿਆ ਜਵਾਬ ਤਸੱਲੀਬਖਸ਼ ਨਹੀਂ ਹੈ। ਇਸ ਤੋਂ ਬਿਲਕੁੱਲ ਸਪੱਸ਼ਟ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ 3 ਨੁਕਤਿਆਂ ਸਬੰਧੀ ਸੂਚਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ ਅਤੇ ਨੁਕਤਾ ਨੰ:4 ਬਾਰੇ ਸੰਤੁਸ਼ਟ ਨਹੀਂ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਨੁਕਤਾ ਨੰ:4 ਬਾਰੇ ਭੇਜੇ ਗਏ ਜਵਾਬ ਨੂੰ ਮੇਰੇ ਵੱਲੋਂ ਘੋਖਣ ਤੇ ਤਸੱਲੀਬ਼ਖਸ਼ ਪਾਇਆ ਗਿਆ ਹੈ। ਇਸ ਤਰ੍ਹਾਂ ਅਪੀਲਕਰਤਾ ਨੂੰ ਮੁਕੰਮਲ ਸੂਚਨਾ ਪ੍ਰਾਪਤ ਹੋ ਚੁੱਕੀ ਹੈ ਅਤੇ ਇਸ ਕੇਸ ਵਿੱਚ ਹੋਰ ਕਿਸੇ ਕਾਰਵਾਈ ਜਾਂ ਵੀਡਿਓ ਕਾਰਫਰੰਸ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਿਕੰਦਰ ਸਿੰਘ ਪੁੱਤਰ (94177-29128)
ਸ਼੍ਰੀ ਭੂਰਾ ਸਿੰਘ, ਮੁਲਤਾਨੀਆ ਰੋਡ,
ਗਲੀ ਨੰ:4, ਬਠਿੰਡਾ। .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਤਹਿਸੀਲਦਾਰ, ਬਠਿੰਡਾ।

........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:894 ਆਫ਼ 2018**

**ਹਾਜ਼ਰ:-** 1) ਸ਼੍ਰੀ ਸਿਕੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਬੀਰ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਬਠਿੰਡਾ(98724-80006)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 18-06-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਬਠਿੰਡਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਖਸਰਾ ਨੰ:4489 ਅਤੇ 4490 ਵਾਕਿਆ ਪੱਤੀ ਝੂਟੀ ਦੀ ਹੱਦ ਬੰਦੀ ਅਤੇ ਨਕਸ਼ੇ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਬਠਿੰਡਾ ਨੇ ਆਪਣਾ ਜਵਾਬ ਪੇਸ਼ ਕਰਦੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:210, ਮਿਤੀ 08-10-2018 ਰਾਹੀਂ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਦੁਆਰਾ ਸੂਚਨਾ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਪਰੰਤੂ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੇ ਉੱਤਰਦਾਤਾ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਉਨ੍ਹਾਂ ਦੇ ਦਫ਼ਤਰ ਜਾ ਕੇ ਵੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਸ਼ਿਕਾਇਤਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟ ਕੀਤੀ ਹੈ। ਇਸ ਲਈ ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਿਕੰਦਰ ਸਿੰਘ ਪੁੱਤਰ (94177-29128)
ਸ਼੍ਰੀ ਭੂਰਾ ਸਿੰਘ, ਮੁਲਤਾਨੀਆ ਰੋਡ,
ਗਲੀ ਨੰ:4, ਬਠਿੰਡਾ। .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਬਠਿੰਡਾ ਜ਼ੋਨ ਬਠਿੰਡਾ।

........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:893 ਆਫ਼ 2018**

**ਹਾਜ਼ਰ:-** 1) ਸ਼੍ਰੀ ਸਿਕੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਨੀਤ ਸ਼ਰਮਾ, ਹੈੱਡ ਕੰਸਟੇਬਲ, ਬਠਿੰਡਾ (98034-64165)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 13-06-2018, ਲੋਕ ਸੂਚਨਾ ਅਧਿਕਾਰੀ ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ, ਬਠਿੰਡਾ ਜ਼ੋਨ ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਐਸ.ਐਚ.ਓ. ਸ਼੍ਰੀ ਪਰਮਿੰਦਰ ਸਿੰਘ, ਕੈਨਾਲ ਕਲੋਨੀ ਵਲੋਂ ਸ਼ਿਕਾਇਤਕਰਤਾ ਦੇ ਖੇਤਾਂ ਵਿੱਚੋਂ ਇੱਟਾਂ ਚੁਕਵਾਉਣ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਨੀਤ ਸ਼ਰਮਾ, ਹੈੱਡ ਕੰਸਟੇਬਲ, ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਜਵਾਬ ਲੈ ਕੇ ਆਇਆ ਜੋ ਕਿ ਤਸੱਲੀਬਖਸ਼ ਨਹੀਂ ਪਾਇਆ ਗਿਆ । ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਵਿਸਥਾਰ-ਪੂਰਵਕ ਜਵਾਬ ਰਜਿਸਟਰਡ ਡਾਕ ਰਾਹੀਂ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਇੱਕ ਕਾਪੀ ਕਮਿਸ਼ਨ ਨੂੰ ਵੀ ਭੇਜੀ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰੋਹਿਤ ਸਭਰਵਾਲ,
ਪ੍ਰਧਾਨ ਕੌਂਸਿਲ ਆਫ
ਆਰ.ਟੀ.ਆਈ. ਐਕਵੀਵਿਸਟ,
ਕੁੰਦਨ ਭਵਨ, 126 ਮਾਡਲ ਗ੍ਰਾਮ,
ਲੁਧਿਆਣਾ। .......ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
(ਸਥਾਨਕ ਸਰਕਾਰ-2 ਸ਼ਾਖਾ)
ਮਿਊਂਸਿਪਲ ਭਵਨ, ਪਲਾਟ ਨੰ:3,
ਸੈਕਟਰ 35-ਏ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
(ਸਥਾਨਕ ਸਰਕਾਰ-2 ਸ਼ਾਖਾ)
ਮਿਊਂਸਿਪਲ ਭਵਨ, ਪਲਾਟ ਨੰ:3,
ਸੈਕਟਰ 35-ਏ, ਚੰਡੀਗੜ੍ਹ। ........ ਉੱਤਰਦਾਤਾ

## ਅਪੀਲ ਕੇਸ ਨੰ:2788 ਆਫ਼ 2018

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-(ਲੋਕ ਸੂਚਨਾ ਅਧਿਕਾਰੀ) (98551-37953) ਅਤੇ ਸ਼੍ਰੀ ਰਾਹੁਲ ਜੈਨ, ਸੀਨੀਅਰ ਸਹਾਇਕ (98154-91253)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਬਿਨੈ-ਪੱਤਰ ਨਾਲ ਭੇਜੇ ਗਏ ਚੌਕਸੀ ਵਿਭਾਗ ਦੇ ਪੱਤਰ, ਮਿਤੀ 21-02-2018 ਵਿੱਚ ਦਰਸਾਏ ਗਏ ਹਵਾਲਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਦੇ ਅਧਿਕਾਰਿਤ ਨੁਮਾਇੰਦੇ ਸ਼੍ਰੀਮਤੀ ਸੁਖਜਿੰਦਰ ਕੌਰ, ਐਡਵੋਕੇਟ ਵੱਲੋਂ ਈ.ਮੇਲ, ਮਿਤੀ 20-10-2018 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ

ਚਲਦਾ---ਪੰਨਾ/2

**ਅਪੀਲ ਕੇਸ ਨੰ:2788 ਆਫ਼ 2018**

ਵੱਲੋਂ ਅਪੀਲਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਸੂਚਨਾ ਮੁਹੱਈਆ ਨਾ ਕਰਾਉਣ ਕਰਕੇ ਉਸ ਵੱਲੋਂ ਉੱਤਰਦਾਤਾ ਵਿੱਰੁਧ ਕਾਰਨ-ਦੱਸੋ ਨੋਟਿਸ ਜਾਰੀ ਕਰਨ ਦੀ ਬੇਨਤੀ ਵੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-(ਲੋਕ ਸੂਚਨਾ ਅਧਿਕਾਰੀ) ਨੇ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਗਿਆ ਪੱਤਰ ਨੰ:10/32/2017(12)-3ਸਸ2/1336640, ਮਿਤੀ 18-10-2018 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਚੌਕਸੀ ਵਿਭਾਗ ਤੋਂ ਪ੍ਰਾਪਤ ਹੋਏ ਪੱਤਰ ਦੀ ਕਾਪੀ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਲੁਧਿਆਣਾ ਨੂੰ ਭੇਜ਼ ਕੇ ਟਿੱਪਣੀ/ਰਿਪੋਰਟ ਮੰਗੀ ਹੋਈ ਹੈ ਪਰੰਤੂ ਵਾਰ-ਵਾਰ ਲਿਖਣ ਉਪਰੰਤ ਵੀ ਟਿੱਪਣੀ/ਰਿਪੋਰਟ ਪ੍ਰਾਪਤ ਨਹੀਂ ਹੋ ਰਹੀ।ਇਸ ਲਈ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਸਬੰਧਤ ਦਫਤਰ ਤੋਂ ਟਿੱਪਣੀ/ਰਿਪੋਰਟ ਪ੍ਰਾਪਤ ਹੋਣ ਤੇ ਜ਼ੋ ਵੀ ਸੂਚਨਾ ਉਪਲਬਧ ਹੋਵੇਗੀ ਸ਼ੀਘਰ ਹੀ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇਗੀ। ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ- ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 28-11-2018 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 22 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**